## ਪੰਜਾਬ ਸਰਕਾਰ
## ਸਕੂਲ ਸਿੱਖਿਆ ਵਿਭਾਗ

ਪੰਜਾਬ ਰਾਜ ਦੇ ਸਰਕਾਰੀ ਹਾਈ ਸਕੂਲਾਂ ਵਿੱਚ ਤਾਇਨਾਤ ਹੈੱਡ ਮਾਸਟਰ ਐਸੋਸੀਏਸ਼ਨ ਦੁਆਰਾ ਪ੍ਰਤੀਬੇਨਤੀ ਦਿੱਤੀ ਗਈ ਹੈ, ਜਿਸ ਰਾਹੀਂ ਉਨ੍ਹਾਂ ਵੱਲੋਂ ਲਿਖਿਆ ਗਿਆ ਹੈ ਕਿ ਵਿਭਾਗੀ ਸੇਵਾ ਨਿਯਮਾਂ ਅਨੁਸਾਰ ਉਨ੍ਹਾਂ ਦਾ ਅਹੁਦਾ ਹੈੱਡ ਮਾਸਟਰ ਦਾ ਹੈ, ਜਦਕਿ ਪ੍ਰਾਇਮਰੀ ਸਕੂਲਾਂ ਵਿੱਚ ਮੁੱਖ ਅਧਿਆਪਕ ਦਾ ਅਹੁਦਾ ਹੈੱਡ ਟੀਚਰ ਹੈ। ਪ੍ਰੰਤੂ ਵਿਭਾਗ ਦੁਆਰਾ ਪੰਜਾਬੀ ਵਿੱਚ ਪੱਤਰ-ਵਿਹਾਰ ਕਰਦੇ ਸਮੇਂ ਉਨ੍ਹਾਂ ਨੂੰ ਵੀ ਮੁੱਖ ਅਧਿਆਪਕ ਹੀ ਲਿਖਿਆ ਜਾਂਦਾ ਹੈ, ਜਿਸ ਨਾਲ ਬਹੁਤ ਉਲਝਣ ਪੈਦਾ ਹੁੰਦੀ ਹੈ। ਇਸ ਲਈ ਉਨ੍ਹਾਂ ਵੱਲੋਂ ਬੇਨਤੀ ਕੀਤੀ ਗਈ ਹੈ ਕਿ ਉਨ੍ਹਾਂ ਨੂੰ ਸਰਕਾਰੀ ਪੱਤਰ ਵਿਹਾਰ ਕਰਦੇ ਸਮੇਂ ਮੁੱਖ ਅਧਿਆਪਕ ਦੀ ਬਜਾਏ ਪੰਜਾਬੀ ਵਿੱਚ ਵੀ ਬਤੌਰ ਹੈੱਡ ਮਾਸਟਰ ਹੀ ਸੰਬੋਧਿਤ ਕੀਤਾ ਜਾਵੇ।

**2.0** ਇਸ ਪੂਰੇ ਮੁੱਦੇ ਨੂੰ ਵਿਚਾਰਨ ਉਪਰੰਤ ਇਹ ਫੈਸਲਾ ਕੀਤਾ ਗਿਆ ਹੈ ਕਿ ਕਿਉਂ ਜੋ ਸਰਕਾਰੀ ਸੀਨੀਅਰ ਸੈਕੰਡਰੀ ਸਕੂਲਾਂ ਦੇ ਪ੍ਰਿੰਸੀਪਲਾਂ ਨਾਲ ਵੀ ਪੰਜਾਬੀ ਵਿੱਚ ਬਤੌਰ ਪ੍ਰਿੰਸੀਪਲ ਸੰਬੋਧਿਤ ਕਰਕੇ ਹੀ ਪੱਤਰ-ਵਿਹਾਰ ਕੀਤਾ ਜਾਂਦਾ ਹੈ, ਇਸ ਲਈ ਹੈੱਡ ਮਾਸਟਰ ਐਸੋਸੀਏਸ਼ਨ ਦੇ ਸੁਝਾਅ ਨੂੰ ਮੰਨਣ ਵਿੱਚ ਕੋਈ ਵੀ ਪ੍ਰਸ਼ਾਸ਼ਕੀ ਅੜਚਣ ਨਹੀਂ ਹੈ। ਇਸੇ ਦੀ ਤਰਜ਼ ਤੇ ਹਾਈ ਸਕੂਲਾਂ ਦੇ ਹੈੱਡ ਮਾਸਟਰਾਂ ਨਾਲ ਜਦੋਂ ਵੀ ਕੋਈ ਪੱਤਰ ਵਿਹਾਰ ਵਿਭਾਗੀ ਅਧਿਕਾਰੀਆਂ ਵੱਲੋਂ ਕੀਤਾ ਜਾਵੇ ਤਾਂ ਉਨ੍ਹਾਂ ਨੂੰ ਮੁੱਖ ਅਧਿਆਪਕ ਦੀ ਬਜਾਏ ਹੈੱਡ ਮਾਸਟਰ ਕਰਕੇ ਹੀ ਸੰਬੋਧਿਤ ਕੀਤਾ ਜਾਵੇ।

**3.0** ਇਹ ਹੁਕਮ ਤੁਰੰਤ ਲਾਗੂ ਹੋਣਗੇ।

**ਸਕੱਤਰ ਸਕੂਲ ਸਿੱਖਿਆ**

ਪਿੱਠ ਅੰਕਣ ਨੰ: 2021/20252-2021/20257 ਮਿਤੀ: 18-01-2021

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ।
2. ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ./ਐ.ਸਿ.), ਪੰਜਾਬ।
3. ਸਮੂਹ ਜਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ./ਐ.ਸਿ.)।
4. ਸਮੂਹ ਸਕੂਲ ਮੁਖੀ, ਪੰਜਾਬ ਰਾਜ।

**ਸਕੱਤਰ ਸਕੂਲ ਸਿੱਖਿਆ**